SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 10 | Wednesday, 15 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਕਰਲਰ ਬਰਾਇਨ ਹੈਰਿਸ ਐਂਟੀ ਡੋਪਿੰਗ ਨਿਯਮ ਦੀ ਉਲੰਘਣਾ ਕਾਰਨ ਆਰਜੀ ਪਾਬੰਦੀ ਹਟੀ



ਓਟਵਾ, 14 ਜਨਵਰੀ (ਪੋਸਟ ਬਿਊਰੋ): ਕੈਨੇਡੀਅਨ ਕਰਲਰ ਬਰਾਇਨ ਹੈਰਿਸ ਲਗਭਗ ਇੱਕ ਸਾਲ ਦੀ ਗੈਰਹਾਜ਼ਰੀ ਤੋਂ ਬਾਅਦ ਖੇਡ ਵਿੱਚ ਵਾਪਸੀ ਲਈ ਤਿਆਰ ਹਨ।

ਉਨ੍ਹਾਂ ਦੇ ਵਕੀਲ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ ਸਵੇਰ ਖੇਡ ਆਰਬਿਟਰੇਸ਼ਨ ਕੋਰਟ ਵਲੋਂ ਫ਼ੈਸਲਾ ਸੁਣਾਇਆ ਗਿਆ। ਹੈਰਿਸ ਨੂੰ ਪਿਛਲੇ ਜਨਵਰੀ ਵਿੱਚ ਪਾਬੰਦੀਸ਼ੁਦਾ ਪਦਾਰਥ ਲਿਗੈਂਡਰੋਲ ਦੀ ਮਾਤਰਾ ਲਈ ਪਾਜ਼ੇਟਿਵ ਪਾਇਆ ਗਿਆ ਸੀ।

ਉਨ੍ਹਾਂ ਨੂੰ ਫਰਵਰੀ ਦੇ ਵਿਚਕਾਰ ਵਿੱਚ ਮੁਕਾਬਲੇ ਤੋਂ ਬਾਹਰ ਡੋਪਿੰਗ ਕੰਟਰੋਲ ਪ੍ਰੀਖਿਆ ਦੇ ਨਤੀਜੇ ਪ੍ਰਾਪਤ ਹੋਏ ਅਤੇ ਉਨ੍ਹਾਂ ’ਤੇ ਆਰਜੀ ਪਾਬੰਦੀ ਲਗਾ ਦਿੱਤੀ ਗਈ।

ਸਵਿਟਜ਼ਰਲੈਂਡ ਸਥਿਤ ਅਦਾਲਤ ਦੇ ਆਰਬਿਟਰੇਟਰ ਨੇ ਫੈਸਲਾ ਸੁਣ-ਾਇਆ ਕਿ ਹੈਰਿਸ ਨੇ ਉਲੰਘਣਾ ਲਈ ਕੋਈ ਦੋਸ਼ ਜਾਂ ਲਾਪਰਵਾਹੀ ਨਹੀਂ ਕੀਤੀ ਹੈ ਅਤੇ ਅਯੋਗਤਾ ਦੀ ਕੋਈ ਮਿਆਦ ਨਹੀਂ ਲਗਾਈ ਗਈ ਹੈ।

ਹੈਰਿਸ ਟੀਮ ਕੇਰੀ ਏਇਨਰਸਨ ਲਈ ਮੁੱਖ ਭੂਮਿਕਾ ਨਿਭਾਉਂਦੇ ਹਨ।

# ਹਿਲਕਰੇਸਟ ਹਾਈ ਸਕੂਲ ’ਚ ਝਗੜੇ ਦੌਰਾਨ ਵਿਦਿਆਰਥੀ ਦੇ ਮਾਰਿਆ ਚਾਕੂ, ਚਾਰ ਗ੍ਰਿਫ਼ਤਾਰ

ਓਟਵਾ, 14 ਜਨਵਰੀ (ਪੋਸਟ ਬਿਊਰੋ): ਸੋਮਵਾਰ ਦੀ ਸਵੇਰ ਓਟਵਾ ਦੇ ਇੱਕ ਹਾਈ ਸਕੂਲ ਵਿੱਚ ਕਈ ਘੰਟਿਆਂ ਤੱਕ ਤਾਲਾ ਲੱਗਿਆ ਰਿਹਾ, ਜਦੋਂ ਇੱਕ ਵਿਦਿਆਰਥੀ ਨੂੰ ਚਾਕੂ ਮਾਰ ਦਿੱਤਾ ਗਿਆ ਅਤੇ ਇੱਕ ਹੋਰ ਵਿਅਕਤੀ ਝਗੜੇ ਦੌਰਾਨ ਗੰਭੀਰ ਜ਼ਖ਼ਮੀ ਹੋ ਗਿਆ।

ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਸਵੇਰੇ ਲਗਭਗ 9:10 ਵਜੇ ਓਟਵਾ ਹਸਪਤਾਲ ਜਨਰਲ ਕੈਂਪਸ ਕੋਲ ਡਾਫਿਨ ਰੋਡ ’ਤੇ ਹਿਲਕਰੇਸਟ ਹਾਈ ਸਕੂਲ ਵਿੱਚ ਕਾਰਵਾਈ ਕੀਤੀ।

ਓਟਵਾ ਦੇ ਪੈਰਾਮੇਡਿਕਸ ਦਾ ਕਹਿਣਾ ਹੈ ਕਿ ਇੱਕ ਟੀਨੇਜ਼ਰ ’ਤੇ ਧਾਰਦਾਰ ਹਥਿਆਰ ਨਾਲ ਹਮਲਾ ਕੀਤਾ ਗਿਆ। ਉਸ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਉਸਨੂੰ ਹਸਪਤਾਲ ਲਿਜਾਇਆ ਗਿਆ।



ਪੁਲਿਸ ਦਾ ਕਹਿਣਾ ਹੈ ਕਿ ਦੂਜੇ ਵਿਅਕਤੀ ਦੀ ਹਾਲਤ ਗੰਭੀਰ ਪਰ ਸਥਿਰ ਹੈ। ਪੈਰਾਮੇਡਿਕਸ ਦਾ ਕਹਿਣਾ ਹੈ ਕਿ ਉਹ ਖ਼ੁਦਹੀ ਇੱਕ ਮਕਾਮੀ ਹਸਪਤਾਲ ਗਏ ਸਨ। ਇਹ ਸਪੱਸ਼ਟ ਨਹੀਂ ਹੈ ਕਿ ਉਹ ਸਕੂਲ ਗਏ ਸਨ ਜਾਂ ਨਹੀਂ।

ਇੱਕ ਅਪਡੇਟ ਵਿੱਚ ਪੁਲਿਸ ਨੇ ਕਿਹਾ ਕਿ ਅਧਿਕਾਰੀਆਂ ਦੇ ਪਹੁੰਚਣ ’ਤੇ ਇੱਕ ਸ਼ੱਕੀ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਸਕੂਲ ਦੀ ਤਲਾਸ਼ੀ ਦੌਰਾਨ ਤਿੰਨ ਹੋਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ।

ਕਿਸੇ ਵੀ ਚਾਰਜਿਜ਼ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ। ਮੁਲਜ਼ਮਾਂ ਦੀ ਪਹਿਚਾਣ ਨੌਜਵਾਨ ਆਪਰਾਧਿਕ ਨਿਆਂ ਐਕਟ ਤਹਿਤ ਨਹੀਂ ਕੀਤੀ ਜਾ ਸਕਦੀ।

ਓਟਵਾ ਕਾਰਲਟਨ ਡਿਸਟਰਿਕਟ ਸਕੂਲ ਬੋਰਡ ਦਾ ਕਹਿਣਾ ਹੈ ਕਿ ਸਕੂਲ ਅੰਦਰ ਲੜਾਈ ਹੋਈ ਸੀ ਅਤੇ ਇਸ ਗੱਲ ਦੀ ਪੁਸ਼ਟੀ ਹੋਈ ਹੈ ਕਿ ਲੜਕਾ ਵਿਦਿਆਰਥੀ ਸੀ।

# ਟਰੰਪ ਦੇ ਟੈਰਿਫ ਨਾਲ ਓਂਟਾਰੀਓ ’ਚ 5 ਲੱਖ ਨੌਕਰੀਆਂ ਖਤਮ ਹੋ ਸਕਦੀਆਂ ਹਨ : ਫੋਰਡ



ਟੋਰਾਂਟੋ, 14 ਜਨਵਰੀ (ਪੋਸਟ ਬਿਊਰੋ): ਪ੍ਰੀਮੀਅਰ ਡਗ ਫੋਰਡ ਦਾ ਕਹਿਣਾ ਹੈ ਕਿ ਕੈਨੇਡੀਅਨ ਵਸਤਾਂ ’ਤੇ ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਵਾਅਦੇ ਅਨੁਸਾਰ ਟੈਰਿਫ ਲਗਾਉਣ ਨਾਲ ਓਂਟਾਰੀਓ ਵਿੱਚ 5 ਲੱਖ ਨੌਕਰੀਆਂ ਖਤਮ ਹੋ ਸਕਦੀਆਂ ਹਨ, ਜਿਸ ਨਾਲ ਆਰਥਿਕ ਉਪਾਵਾਂ ਵਿੱਚ ਅਰਬਾਂ ਡਾਲਰ ਦੀ ਜ਼ਰੂਰਤ ਹੋਵੇਗੀ।

ਫੋਰਡ ਨੇ ਮੰਗਲਵਾਰ ਨੂੰ ਟੋਰਾਂਟੋ ਵਿੱਚ ਇੱਕ ਪ੍ਰੈੱਸਕਾਨਫਰੰਸ ਵਿੱਚ ਕਿਹਾ ਇਹ ਟੈਰਿਫ ਹਰ ਇੱਕ ਵਿਅਕਤੀ ਨੂੰ ਪ੍ਰਭਾਵਿਤ ਕਰਨਗੇ। ਇਹ ਚੰਗਾ ਨਹੀਂ ਹੋਣ ਵਾਲਾ। ਫੋਰਡ ਨੇ ਕਿਹਾ ਹੈ ਕਿ ਟੈਰਿਫ ਲਾਗੂ ਹੋਣ ਦੀ ਹਾਲਤ ਵਿੱਚ ਉਨ੍ਹਾਂ ਦੀ ਸਰਕਾਰ ਨੂੰ ਸੂਬੇ ਨੂੰ ਮਜਬੂਤ ਕਰਨ ਲਈ ਅਰਬਾਂ ਡਾਲਰ ਖਰਚ ਕਰਨ ਲਈ ਮਜਬੂਰ ਹੋਣਾ ਪਵੇਗਾ। ਸੋਮਵਾਰ ਨੂੰ ਅਤੇ ਇਸ ਅਟਕਲ ਵਿਚਕਾਰ ਕਿ ਉਹ ਸਮੇਂ ਤੋਂ ਪਹਿਲਾਂ ਚੋਣ ਕਰਵਾਉਣਗੇ, ਫੋਰਡ ਨੇ ਕਿਹਾ ਕਿ ਉਸ ਫੰਡਿੰਗ ਨੂੰ ਅਨਲਾਕ ਕਰਨ ਲਈ ਵੋਟ ਦੀ ਲੋੜ ਹੋਵੇਗੀ। ਉਨ੍ਹਾਂ ਨੇ ਮੰਗਲਵਾਰ ਨੂੰ ਫਿਰ ਤੋਂ ਉਸ ਸੰਭਾਵਨਾ ਦਾ ਸੰਕੇਤ ਦਿੱਤਾ।

ਪ੍ਰੀਮੀਅਰ ਨੇ ਕਿਹਾ ਕਿ ਉਹ ਉਡੀਕ ਕਰਨਗੇ ਅਤੇ ਵੇਖਣਗੇ ਕਿ ਕੀ ਦ੍ਰਿਸ਼ਟੀਕੋਣ ਅਪਣਾਉਣਗੇ, ਤਾਂਕਿ ਇਹ ਵੇਖਿਆ ਜਾ ਸਕੇ ਕਿ 25 ਫ਼ੀਸਦੀ ਟੈਰਿਫ ਨਾਲ ਸੂਬੇ ਦੇ ਕਿਹੜੇ ਖੇਤਰ ਸਭਤੋਂ ਜ਼ਿਆਦਾ ਪ੍ਰਭਾਵਿਤ ਹੋਣਗੇ, ਜੇਕਰ ਉਹ 20 ਜਨਵਰੀ ਨੂੰ ਟਰੰਪ ਦੇ ਸਹੁੰ ਚੁੱਕਣ ਤੋਂ ਬਾਅਦ ਲਾਗੂ ਹੁੰਦੇ ਹਨ।

ਫੋਰਡ ਨੇ ਕਿਹਾ ਕਿ ਇਹ ਸਭ ਟੈਰਿਫ ਦੀ ਮਾਤਰਾ ’ਤੇ ਨਿਰਭਰ ਕਰਦਾ ਹੈ ਕਿ ਉਹ ਕਿਹੜੇ ਖੇਤਰਾਂ ਨੂੰ ਪ੍ਰਭਾਵਿਤ ਕਰ ਰਹੇ ਹਨ। ਪਰ ਮੈਨੂੰ ਕੱਲ੍ਹ ਮੰਤਰਾਲਿਆ ਵਲੋਂ ਅੰਕੜੇ ਮਿਲ ਰਹੇ ਸਨ। ਇਸ ਨਾਲ 5 ਲੱਖ ਨੌਕਰੀਆਂ ਖਤਮ ਹੋ ਸਕਦੀਆਂ ਹਨ। ਇਹ ਗੰਭੀਰ ਹੈ। ਆਓ ਆਸ ਕਰੀਏ ਕਿ ਇਸਤੋਂ 5 ਲੱਖ ਨੌਕਰੀਆਂ ਖਤਮ ਨਹੀਂ ਹੋਣ। ਪਰ ਸਾਨੂੰ ਉੱਥੇ ਜਾਣ ਅਤੇ ਖੇਤਰਾਂ ਅਤੇ ਲੋਕਾਂ ਦਾ ਸਮਰਥਨ ਕਰਨ ਦੀ ਸਮਰੱਥਾ ਦੀ ਲੋੜ ਹੈ ਤਾਂਕਿ ਅਸੀਂ ਓਂਟਾਰਓ ਦੀ ਰੱਖਿਆ ਕਰ ਸਕੀਏ ਅਤੇ ਸਾਡੇ ਦੇਸ਼ ਭਰ ਵਿੱਚ ਕੈਨੇਡੀਅਨ ਨੌਕਰੀਆਂ ਵੀ ਵਾਪਿਸ ਲਿਆ ਸਕੀਏ।

# ਓਂਟਾਰੀਓ ਵਿਚ ‘ਅਰਲੀ ਲਰਨਿੰਗ ਤੇ ਚਾਈਲਡ ਕੇਅਰ’ ਤਹਿਤ ਚਾਈਲਡਕੇਅਰ ਫ਼ੀਸ ਘੱਟ ਕੇ 22 ਡਾਲਰ ਪ੍ਰਤੀ ਦਿਨ ਹੋ ਜਾਵੇਗੀ : ਸੋਨੀਆ ਸਿੱਧੂ

## ਪਰਿਵਾਰਾਂ ਨੂੰ 300 ਮਿਲੀਅਨ ਡਾਲਰ ਦੀ ਹੋਵੇਗੀ ਬੱਚਤ

ਬਰੈਂਪਟਨ, 14 ਜਨਵਰੀ (ਪੋਸਟ ਬਿਊਰੋ): ਨਵੇਂ ਸਾਲ 2025 ਦੀ ਆਮਦ ‘ਤੇ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਓਂਟਾਰੀਓ ਸੂਬੇ ਵਿਚ ‘ਅਰਲੀ ਲਰਨਿੰਗ ਅਤੇ ਚਾਈਲਡ ਕੇਅਰ’ ਬਾਰੇ ਨਵੀਂ ਜਾਣਕਾਰੀ ਕੈਨੇਡਾ ਵਾਸੀਆਂ ਨਾਲ ਸਾਂਝੀ ਕੀਤੀ ਹੈ।

ਜਨਵਰੀ 2025 ਤੋਂ ਓਂਟਾਰੀਓ ਵਿਚ ਆਰੰਭ ਹੋਏ ‘ਅਰਲੀ ਲਰਨਿੰਗ ਐਂਡ ਚਾਈਲਡਕੇਅਰ’ (ਈਐੱਲਸੀਸੀ) ਪ੍ਰੋਗਰਾਮ ਤਹਿਤ ਛੇ ਸਾਲ ਤੋਂ ਛੋਟੇ ਬੱਚਿਆਂ ਲਈ ਚਾਈਲਡਕੇਅਰ ਫ਼ੀਸ ਘੱਟ ਕੇ 22 ਡਾਲਰ ਪ੍ਰਤੀ ਦਿਨ ਹੋ ਜਾਏਗੀ। ਫ਼ੈਡਰਲ ਸਰਕਾਰ ਵੱਲੋਂ ਕੀਤੇ ਗਏ ਇਸ ਉਪਰਾਲੇ ਨਾਲ ਓਂਟਾਰੀਓ ਦੇ ਸੂਬਾਈ ਅੰਕੜਿਆਂ ਅਨੁਸਾਰ ਪਰਿਵਾਰਾਂ ਨੂੰ 300 ਮਿਲੀਅਨ ਡਾਲਰ ਦੀ ਬੱਚਤ ਹੋਵੇਗੀ। ਇਸ ਤੋਂ ਇਲਾਵਾ ਚਾਈਲਡਕੇਅਰ ਸੰਚਾਲਕਾਂ ਨਾਲ ਨਵੇਂ ਕੀਮਤ ਆਧਾਰਿਤ ਮਾਡਲ ਦੀ ਸ਼ੁਰੂਆਤ ਕੀਤੀ ਜਾਏਗੀ ਜਿਸ ਨੂੰ ਵਿਸਥਾਰ ਵਿਚ ਇਸ ਨਵੇਂ ਸਾਲ ‘ਚਦਿੱਤਾ ਜਾਏਗਾ।

ਇਸ ਦੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਕਿਹਾ, “ਸਾਡੇ ਪਰਿਵਾਰਾਂ ਤੇ ਉਨ੍ਹਾਂ ਦੇ ਬੱਚਿਆਂ ਦੀ ਖ਼ੁਸ਼ੀ-ਖ਼ੁਸ਼ਹਾਲੀ ਤੇ ਸਿਹਤ ਸੰਭਾਲ ਲਈ ਕਿਫ਼ਾਇਤੀ ਤੇ ਆਸਾਨੀ ਨਾਲ ਪਹੁੰਚ ਹੋਣੀ ਜ਼ਰੂਰੀ ਹੈ। ਸਰਕਾਰ ਵੱਲੋਂ ਚੁੱਕੇ ਗਏ ਇਨ੍ਹਾਂ ਨਵੇਂ ਕਦਮਾਂ ਨਾਲ ਪਰਿਵਾਰਾਂ ਨੂੰ ਕਾਫ਼ੀ ਵਿੱਤੀ ਰਾਹਤ ਮਿਲੇਗੀ ਅਤੇ ਇਸ ਨਾਲ ਓਨਟਾਰੀਓ ਦੇ ਹਰੇਕ ਬੱਚੇ ਨੂੰ ਜੀਵਨ ਵਿੱਚ ਅੱਗੇ ਵੱਧਣ ਦੇ ਵਧੀਆ ਮੌਕੇ ਮਿਲਣਗੇ। ਸਰਕਾਰ ਦੇ ਇਸ ਸੰਕਲਪ ਨੂੰ ਸੱਚਾਈ ਵਿਚ ਤਬਦੀਲ ਕਰਨ ਲਈ ਮਿਊਂਨਿਸਿਪਲਿਟੀਆਂ ਅਤੇ ਚਾਈਲਡਕੇਅਰ ਓਪਰੇਟਰਾਂ ਨਾਲ ਮਿਲ ਕੇ ਕੰਮ ਕਰਨ ਲਈ ਅਸੀਂ ਵਚਨਬੱਧ ਹਾਂ।“



ਸੋਨੀਆ ਸਿੱਧੂ ਦਾ ਕਹਿਣਾ ਹੈ ਕਿ ਲਾਭਕਾਰੀ ਓਪਰੇਟਰਾਂ ਵੱਲੋਂ ਕੈਨੇਡਾ-ਭਰ ਵਿਚ ਚਲਾਏ ਜਾਣ ਵਾਲੇ ਇਸ ‘ਅਰਲੀ ਲਰਨਿੰਗ ਐਂਡ ਚਾਈਲਡ ਕੇਅਰ’ ਪ੍ਰੋਗਰਾਮ ਸਬੰਧੀ ਉਠਾਏ ਗਏ ਖ਼ਦਸ਼ਿਆਂ ਨੂੰ ਅਸੀਂ ਭਲੀ-ਭਾਂਤ ਸਮਝਦੇ ਹਾਂ ਅਤੇ ਇਨ੍ਹਾਂ ਨੂੰ ਦੂਰ ਕਰਨ ਦੀ ਪੂਰੀ ਕੋਸ਼ਿਸ਼ ਕੀਤੀ ਜਾਏਗੀ। ਕੈਨੇਡਾ ਦੇ ਹੋਰ ਸੂਬਿਆਂ ਤੋਂ ਉਲਟ ਓਨਟਾਰੀਓ ਸੂਬੇ ਵਿਚ ਚਾਈਲਡਕੇਅਰ ਦਾ ਇਹ ਪ੍ਰੋਗਰਾਮ ਮਿਊਂਨਿਸਿਪਲਿਟੀਆਂ ਦੇ ਪ੍ਰਬੰਧ ਰਾਹੀਂ ਸ਼ੁਰੂ ਕੀਤਾ ਜਾਏਗਾ ਜਾਏਗਾ ਜਿੱਥੇ ਇਹ ਬੜੇ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ। ਪ੍ਰੋਵਿੰਸ਼ੀਅਲ ਫ਼ੰਡ ਵੱਖ-ਵੱਖ ਸ਼ਹਿਰਾਂ ਨੂੰ ਵੰਡੇ ਜਾਂਦੇ ਹਨ ਅਤੇ ਅੱਗੋਂ ਇਹ ਚਾਈਲਡਕੇਅਰ ਓਪਰੇਟਰਾਂ ਨੂੰ ਸੌਂਪੇ ਜਾਂਦੇ ਹਨ। ਐੱਮ.ਪੀ. ਸੋਨੀਆ ਸਿੱਧੂ ਦੀ ਟੀਮ ਇਨ੍ਹਾਂ ਦਰਪੇਸ਼ ਚੁਣੌਤੀਆਂ ਤੇ ਉਨ੍ਹਾਂ ਦੇ ਯੋਗ ਹੱਲ ਬਾਰੇ ਵੱਖ-ਵੱਖ ਮਿਊਂਨਿਸਿਪਲਿਟੀਆਂ ਨਾਲ ਪਹਿਲਾਂ ਹੀ ਵਧੀਆ ਰਾਬਤਾ ਰੱਖ ਰਹੀ ਹੈ।

ਕੈਨੇਡਾ-ਭਰ ਵਿਚ ਚਲਾਏ ਜਾਣ ਵਾਲੇ ਇਸ ‘ਅਰਲੀ ਲਰਨਿੰਗ ਐਂਡ ਚਾਈਲਡ ਕੇਅਰ’ ਪ੍ਰੋਗਰਾਮ ਦੀ ਹੁਣ ਤੱਕ ਦੀ ਸਥਿਤੀ ਇਸ ਪ੍ਰਕਾਰ ਹੈ:

ਫ਼ੰਡਿੰਗ: 2022 ਤੋਂ 2026 ਪੰਜ ਸਾਲਾਂ ਦੇ ਸਮੇਂ ਲਈ ਓਨਟਾਰੀਓ ਨੂੰ ਇਸ ਪ੍ਰੋਗਰਾਮ ਲਈ 10.2 ਬਿਲੀਅਨ ਡਾਲਰ ਪ੍ਰਾਪਤ ਹੋਏ ਹਨ।

ਕਿਫ਼ਾਇਤੀਪਨ: 2024 ਵਿਚ ਓਨਟਾਰੀਓ ਵਿਚ ਪ੍ਰਤੀ ਬੱਚਾ ਲੱਗਭੱਗ 8500 ਡਾਲਰ ਦੀ ਬੱਚਤ ਹੋਈ ਹੈ। ਜਨਵਰੀ ਵਿਚ ਆਰੰਭ ਹੋਣ ਵਾਲੀ ਨਵੀਂ ਕੈਪਿੰਗ ਨਾਲ ਪਰਿਵਾਰ 18,000 ਡਾਲਰ ਦੀ ਬੱਚਤ ਦੀ ਆਸ ਕਰ ਸਕਦੇ ਹਨ।

ਪਹੁੰਚ: 2026 ਤੱਕ ਓਨਟਾਰੀਓ ਵਿਚ 86,000 ਨਵੀਆਂ ਚਾਈਡਕੇਅਰ ਸਪੇਸਾਂ ਪੈਦਾ ਹੋ ਸਕਦੀਆਂ ਹਨ।

ਭਵਿੱਖਮਈ ਟੀਚੇ: ਓਨਟਾਰੀਓ ਸੂਬਾ ਮਾਰਚ 2026 ਤੱਕ ਚਾਈਲਡਕੇਅਰ ਦੀ ਔਸਤ ਬੱਚਤ 10 ਡਾਲਰ ਪ੍ਰਤੀ ਦਿਨ ਕਰਨ ਲਈ ਵਚਨਬੱਧ ਹੈ ਅਤੇ ਉਹ ਆਪਣਾ ਇਹ ਟੀਚਾ ਪੂਰਾ ਕਰਨ ਦੇ ਰਾਹ ‘ਤੇ ਬਾਖ਼ੂਬੀ ਚੱਲ ਰਿਹਾ ਹੈ।

# ਸਿਆਚਿਨ ’ਚ ਤਾਇਨਾਤ ਜਵਾਨਾਂ ਨੂੰ ਮਿਲੇਗੀ ਹਾਈ ਸਪੀਡ ਇੰਟਰਨੈੱਟ ਸੇਵਾ

ਸ੍ਰੀਨਗਰ, 14 ਜਨਵਰੀ (ਪੋਸਟ ਬਿਊਰੋ): ਦੁਨੀਆਂ ਦੇ ਸਭ ਤੋਂ ਉੱਚੇ ਜੰਗੀ ਮੈਦਾਨ ਸਿਆਚਿਨ ਗਲੇਸ਼ੀਅਰ ’ਤੇ ਤਾਇਨਾਤ ਫ਼ੌਜ ਦੇ ਜਵਾਨ ਹੁਣ ਹਾਈ ਸਪੀਡ ਇੰਟਰਨੈੱਟ ਸੇਵਾਵਾਂ ਦਾ ਲਾਭ ਉਠਾ ਸਕਣਗੇ। ਰਿਲਾਇੰਸ ਜੀਓ ਨੇ ਦੱਸਿਆ ਕਿ 15 ਜਨਵਰੀ ਨੂੰ ਫੌਜ ਦਿਵਸ ਤੋਂ ਪਹਿਲਾਂ ਕੰਪਨੀ ਨੇ ਭਾਰਤੀ ਫੌਜ ਦੇ ਸਹਿਯੋਗ ਨਾਲ ਸਿਆਚਿਨ ਗਲੇਸ਼ੀਅਰ ਤੱਕ ਆਪਣੇ 4ਜੀ ਅਤੇ 5ਜੀ ਨੈੱਟਵਰਕ ਦਾ ਵਿਸਤਾਰ ਕਰਕੇ ਅਹਿਮ ਮੀਲ ਪੱਥਰ ਹਾਸਿਲ ਕੀਤਾ ਹੈ।

ਰਿਲਾਇੰਸ ਜੀਓ ਦੇ ਬੁਲਾਰੇ ਨੇ ਕਿਹਾ ਕਿ ਆਰਮੀ ਸਿਗਨਲ ਕਰਮਚਾਰੀਆਂ ਦੇ ਸਮਰਥਨ ਨਾਲ ਰਿਲਾਇੰਸ ਜੀਓ ਇਸ ਦੂਰ-ਦੁਰਾਡੇ ਖੇਤਰ ਵਿੱਚ ਨਿਰਵਿਘਨ ਸੇਵਾਵਾਂ ਦੇਣ ਵਾਲੀ ਪਹਿਲੀ ਦੂਰਸੰਚਾਰ ਸੇਵਾ ਕੰਪਨੀ ਬਣ ਗਈ ਹੈ। ਉਨ੍ਹਾਂ ਕਿਹਾ ਕਿ ਰਿਲਾਇੰਸ ਜੀਓ ਨੇ ਫੁੱਲ-ਸਟੈਕ 5ਜੀ ਤਕਨੀਕ ਦੀ ਵਰਤੋਂ ਕਰਦਿਆਂ ਚੌਕੀ ’ਤੇ ‘ਪਲੱਗ ਐਂਡ ਪਲੇਅ ਪ੍ਰੀ-ਕਨਫਿਗਰਡ’ ਉਪਕਰਨ ਲਾਇਆ ਹੈ। ਇਹ ਪ੍ਰਾਪਤੀ ਫ਼ੌਜ ਦੇ ਸਿਗਨਲ ਕਰਮਚਾਰੀਆਂ ਦੇ ਤਾਲਮੇਲ ਨਾਲ ਪ੍ਰਾਪਤ ਹੋਈ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

NANNY NEEDED ਨੈਨੀ ਦੀ ਲੋੜ
ਬਰੈਂਪਟਨ ਵਿੱਚ ਰਹਿੰਦੇ ਪਰਿਵਾਰ ਨੂੰ ਘਰ ਦੇ ਕੰਮਕਾਜ ਲਈ ਨੈਨੀ ਦੀ ਤੁਰੰਤ ਲੋੜ ਹੈ। ਨੈਨੀ ਦੀ ਉਮਰ 50-55 ਸਾਲ ਹੋਣੀ ਚਾਹੀਦੀ ਹੈ।
ਸੰਪਰਕ: 426-556-6884

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC MEMBER
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਅਤੇ ਧਰਮ ਅਤੇ ਰਾਜਨੀਤੀ ਬਾਰੇ ਹਾਈਕੋਰਟ ਦਾ ਤਾਜ਼ਾ ਫੈਸਲਾ

ਜਤਿੰਦਰ ਪਨੂੰ ਦੀ ਕਲਮ ਤੋਂ



ਇਸ ਕੌੜੀ ਹਕੀਕਤ ਤੋਂ ਕੋਈ ਵੀ ਇਨਕਾਰ ਨਹੀਂ ਕਰ ਸਕਦਾ ਕਿ ਲੰਮਾ ਸਮਾਂ ਸਿੱਖ ਪੰਥ ਵਿੱਚ ਸਰਬ ਪ੍ਰਵਾਨਤ ਅਤੇ ਸਰਬ ਉੱਚ ਕਹੇ ਜਾਂਦੇ ਸਿੰਘ ਸਾਹਿਬਾਨ ਦਾ ਵੱਕਾਰ ਉਨ੍ਹਾਂ ਦੇ ਰੁਤਬੇ ਮੁਤਾਬਕ ਕਾਇਮ ਨਹੀਂ ਸੀ ਰਿਹਾ। ਇਹ ਗੱਲ ਆਮ ਕਹੀ ਜਾਂਦੀ ਸੀ ਕਿ ਇਨ੍ਹਾਂ ਨੂੰ ਜਿਨ੍ਹਾਂ ਸਿਆਸੀ ਆਗੂਆਂ ਨੇ ਇਨ੍ਹਾਂ ਪਦਵੀਆਂ ਲਈ ਨਿਯੁਕਤ ਕੀਤਾ ਜਾਂ ਕਰਾਇਆ ਹੈ, ਇਹ ਉਨ੍ਹਾਂ ਦੇ ਕਹੇ ਤੋਂ ਬਾਹਰ ਨਹੀਂ ਜਾ ਸਕਦੇ ਤੇ ਜਦੋਂ ਕਦੇ ਫੈਸਲੇ ਦੀ ਘੜੀ ਆਵੇ ਤਾਂ ਉਨ੍ਹਾਂ ਸਿਆਸੀ ਆਗੂਆਂ ਦੇ ਖਿਲਾਫ ਫੈਸਲੇ ਲੈਣ ਦੀ ਜੁਰਅੱਤ ਨਹੀਂ ਕਰ ਸਕਦੇ। ਸਿਰਸਾ ਵਾਲੇ ਡੇਰਾ ਸੱਚਾ ਸੌਦਾ ਦੇ ਮੁਖੀ ਨੂੰ ਮੁਆਫ ਕਰਨ ਦਾ ਫੈਸਲਾ ਕਰਨ ਲਈ ਜਿੰਦਾਂ ਪੰਜ ਸਿੰਘ ਸਾਹਿਬਾਨ ਨੂੰ ਓਦੋਂ ਦੇ ਸਿਆਸੀ ਮਹਾਂਰਥੀ ਬਾਦਲ ਪਿਤਾ-ਪੁੱਤਰ ਨੇ ਮੁੱਖ ਮੰਤਰੀ ਦੀ ਸਰਕਾਰੀ ਕੋਠੀ ਵਿੱਚ ਤਲਬ ਕੀਤਾ ਅਤੇ ਅੱਗੋਂ ਸਿੰਘ ਸਾਹਿਬਾਨ ਨੇ ਬਿਨਾਂ ਕੋਈ ਹੀਲ-ਹੁੱਜਤ ਕੀਤੇ ਕਿਹਾ ਮੰਨਿਆ ਸੀ, ਉਹ ਇਸ ਨਿਘਾਰ ਦੀ ਸਿਖਰ ਸੀ। ਫਿਰ ਉਹ ਫੈਸਲਾ ਸਿੱਖ ਸਮਾਜ ਨੇ ਪ੍ਰਵਾਨ ਨਹੀਂ ਕੀਤਾ ਤਾਂ ਵਾਪਸ ਲੈਣਾ ਪਿਆ ਤੇ ਇਸ ਦੇ ਬਾਅਦ ਸ੍ਰੀ ਅਕਾਲ ਤਖਤ ਦੇ ਓਦੋਂ ਦੇ ਜਥੇਦਾਰ ਦੇ ਪੁਤਲੇ ਸਾੜੇ ਗਏ ਤੇ ਉਸ ਦਾ ਸਿੱਖ ਸੰਗਤ ਵਿੱਚ ਜਾਣਾ ਵੀ ਨਮੋਸ਼ੀ ਦਾ ਸਬੱਬ ਬਣਨ ਲੱਗ ਪਿਆ ਸੀ। ਉਸ ਕੌੜੇ ਤਜਰਬੇ ਨੇ ਅਗਲੇ ਵਕਤ ਵਿੱਚ ਏਦਾਂ ਦੀ ਜ਼ਿੰਮੇਵਾਰੀ ਸੰਭਾਲਣ ਵਾਲਿਆਂ ਨੂੰ ਜ਼ਮੀਰ ਦੀ ਆਵਾਜ਼ ਮੁਤਾਬਕ ਚੱਲਣ ਲਈ ਪ੍ਰੇਰਿਆ ਹੋਵੇਗਾ। ਏਸੇ ਦਾ ਨਤੀਜਾ ਲੱਗਦਾ ਹੈ ਕਿ ਅਕਾਲੀ ਦਲ ਦੀ ਅਜੋਕੀ ਲੀਡਰਸ਼ਿਪ ਦੇ ਛੱਤੀ ਕਿਸਮ ਦੇ ਪੈਂਤੜੇ ਵੀ ਕੰਮ ਨਹੀਂ ਆਏ ਅਤੇ ਉਨ੍ਹਾਂ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅਕਾਲੀ ਦਲ ਦੀ ਪ੍ਰਧਾਨਗੀ ਛੱਡਣ ਲਈ ਮੰਨਣਾ ਪਿਆ ਹੈ। ਇਹ ਗੱਲ ਵੱਖਰੀ ਹੈ ਕਿ ਇਸ ਦੇ ਬਾਅਦ ਵੀ ਉਸ ਦੀ ਜ਼ਿਦ 'ਰੱਸੀ ਸੜ ਗਈ, ਵੱਟ ਨਹੀਂ ਗਿਆ' ਵਾਲੀ ਜਾਪਦੀ ਹੈ, ਪਰ ਅਮਲ ਦਾ ਅਸਰ ਲੋਕਾਂ ਵਿੱਚ ਪਹੁੰਚ ਚੁੱਕਾ ਹੈ।

ਸਾਡੀ ਉਮਰ ਦੇ ਲੋਕਾਂ ਦੇ ਵੇਖਦੇ-ਵੇਖਦੇ ਜਿੰਨੇ ਕੁ ਮਾੜੇ ਦਿਨ ਪੰਜਾਬ ਅਤੇ ਇਸ ਦੇ ਲੋਕਾਂ ਨੇ ਵੇਖੇ ਅਤੇ ਹੰਢਾਏ ਸਨ, ਉਨ੍ਹਾਂ ਦੇ ਲਈ ਬੇਸ਼ੱਕ ਹੋਰ ਪਾਰਟੀਆਂ, ਖਾਸ ਕਰ ਕੇ ਕਾਂਗਰਸ ਘੱਟ ਗੁਨਾਹਗਾਰ ਨਹੀਂ, ਪਰ ਸਮੁੱਚੀ ਪੰਜਾਬੀਅਤ ਜਾਣਦੀ ਹੈ ਕਿ ਸਭ ਤੋਂ ਵੱਧ ਗੁਨਾਹ ਅਕਾਲੀ ਲੀਡਰਸ਼ਿਪ ਨੇ ਸੱਤਾ ਦੀ ਭੁੱਖ ਲਈ ਕੀਤੇ ਸਨ। ਸਭ ਤੋਂ ਵੱਡਾ ਦੁਖਾਂਤ ਤਾਂ ਅਪਰੇਸ਼ਨ ਬਲਿਊ ਸਟਾਰ ਹੀ ਮੰਨਿਆ ਜਾਵੇਗਾ, ਜਿਸ ਲਈ ਕਾਂਗਰਸ ਦੀ ਉਸ ਵਕਤ ਦੀ ਸਰਕਾਰ ਨੇ ਕਿਸੇ ਕਿਸਮ ਦੀ ਕੋਈ ਸਾਜ਼ਿਸ਼ ਬਾਕੀ ਨਹੀਂ ਸੀ ਰੱਖੀ, ਪਰ ਸੱਚਾਈ ਇਹ ਵੀ ਹੈ ਕਿ ਇਸ ਕੰਮ ਵਿੱਚ ਉਸ ਵੇਲੇ ਦੀ ਅਕਾਲੀ ਲੀਡਰਸ਼ਿਪ ਦੇ ਜਿਨ੍ਹਾਂ ਲੋਕਾਂ ਦੀ ਮਿਲੀਭੁਗਤ ਦੀ ਚਰਚਾ ਹੁੰਦੀ ਹੈ, ਉਹ ਵੀ ਕਦੇ ਢੁਕਵੀਂ ਸਫਾਈ ਨਹੀਂ ਦੇ ਸਕੇ। ਇਨ੍ਹਾਂ ਹਾਲਾਤ ਉੱਤੇ ਉਸ ਵੇਲੇ ਜਿਨ੍ਹਾਂ ਭਾਰਤੀ ਜਾਂ ਵਿਦੇਸ਼ੀ ਪੱਤਰਕਾਰਾਂ ਦੀ ਅੱਖ ਟਿਕੀ ਰਹਿੰਦੀ ਸੀ, ਉਹ ਦੋਵਾਂ ਪਾਸਿਆਂ ਦੀ ਲੀਡਰਸ਼ਿਪ ਦੀ ਇਨ੍ਹਾਂ ਹਾਲਾਤ ਵਿੱਚ ਸ਼ਮੂਲੀਅਤ ਦੇ ਕਈ ਕਿੱਸੇ ਲਿਖ ਚੁੱਕੇ ਹਨ ਅਤੇ ਕਈ ਜ਼ਬਾਨੀ ਦੱਸਦੇ ਹਨ, ਲਿਖਣ ਤੋਂ ਹਾਲੇ ਤੱਕ ਵੀ ਗੁਰੇਜ਼ ਕਰਦੇ ਹਨ। ਕਾਂਗਰਸ ਤਾਂ ਬਾਹਰੀ ਮੰਨੀ ਜਾ ਸਕਦੀ ਹੈ, ਸਿੱਖਾਂ ਦੀ ਅਗਵਾਈ ਦਾ ਜ਼ਿੰਮਾ ਜਿਹੜੇ ਅਕਾਲੀ ਦਲ ਤੇ ਇਸ ਦਲ ਦੀ ਗੁਰਦੁਆਰਾ ਲੀਡਰਸ਼ਿਪ ਦੇ ਕੋਲ ਸੀ, ਉਨ੍ਹਾਂ ਨੇ ਧਾਰਮਿਕਤਾ ਨੂੰ ਰਾਜਨੀਤਕ ਲਾਭਾਂ ਲਈ ਵਰਤਣ ਦਾ ਕਾਂਗਰਸੀਆਂ ਵਰਗਾ ਦਾਅ ਨਾ ਖੇਡਿਆ ਹੁੰਦਾ ਤਾਂ ਇਹ ਕੁਝ ਸ਼ਾਇਦ ਨਹੀਂ ਸੀ ਹੋਣਾ। ਸਿੱਖਾਂ ਨੂੰ ਦੁੱਖ ਇਹੋ ਹੈ ਕਿ ਉਸ ਕਹਿਰ ਦੇ ਪਿੱਛੋਂ ਵੀ ਜਿਨ੍ਹਾਂ ਸਿਆਸੀ ਚੁਸਤੀਆਂ ਨੇ ਉਨ੍ਹਾਂ ਦਾ ਧਾਰਮਿਕ ਪੱਖੋਂ ਏਨਾ ਨੁਕਸਾਨ ਕੀਤਾ ਸੀ, ਉਹ ਚੁਸਤੀਆਂ ਕਰਨ ਤੋਂ ਅਕਾਲੀ ਲੀਡਰਸ਼ਿਪ ਅੱਜ ਤੱਕ ਨਹੀਂ ਹਟ ਸਕੀ। ਸੱਚਾ ਸੌਦਾ ਡੇਰੇ ਵਾਲੇ ਰਾਮ ਰਹੀਮ ਨੂੰ ਪਹਿਲਾਂ ਵੋਟਾਂ ਵਾਲੀ ਲੋੜ ਲਈ ਸਜਦੇ ਕਰਨੇ ਤੇ ਫਿਰ ਸਿਆਸੀ ਵਿਰੋਧ ਕਾਰਨ ਰਗੜਾ ਲਾਉਣ ਦੀ ਕਹਾਣੀ ਅਤੇ ਫਿਰ ਬਿਨਾਂ ਮੰਗੇ ਮੁਆਫੀ ਵੀ ਪੰਜ ਸਿੰਘ ਸਾਹਿਬਾਨ ਤੋਂ ਦੁਆਉਣੀ, ਇਹ ਸਭ ਏਸੇ ਖੇਡ ਦੀਆਂ ਕੜੀਆਂ ਸਨ। ਅਖੀਰ ਚੁਸਤੀਆਂ ਕਰਦੀ ਅਕਾਲੀ ਲੀਡਰਸ਼ਿਪ ਲੋਕਾਂ ਦੇ ਮਨੋਂ ਲੱਥੀ ਅਤੇ ਚੋਣਾਂ ਹਾਰਦੀ ਜਾਣ ਪਿੱਛੋਂ ਅੱਜ ਵਾਲੇ ਹਾਲਾਤ ਵਿੱਚ ਪਹੁੰਚ ਗਈ ਹੈ।

ਜਦੋਂ ਹਾਲਾਤ ਏਨੇ ਅਣਸੁਖਾਵੇਂ ਹੋ ਚੁੱਕੇ ਸਨ ਕਿ ਨਾ ਦੀਨ ਵਾਲਾ ਪਾਸਾ ਉਨ੍ਹਾਂ ਲਈ ਸੁਖਾਵਾਂ ਰਹਿ ਗਿਆ ਤੇ ਨਾ ਦੁਨੀਆਦਾਰੀ ਦੇ ਪ੍ਰਤੀਕ ਆਮ ਲੋਕ ਕਿਸੇ ਝਾਂਸੇ ਵਿੱਚ ਆਉਣ ਵਾਲੇ ਰਹੇ ਤਾਂ ਸ੍ਰੀ ਅਕਾਲ ਤਖਤ ਦੇ ਸਾਹਮਣੇ ਸਮੱਰਪਣ ਦੀ ਭਾਵਨਾ ਪ੍ਰਗਟਾਉਣ ਤੋਂ ਬਿਨਾਂ ਕੋਈ ਚਾਰਾ ਨਹੀਂ ਸੀ ਰਿਹਾ। ਏਦਾਂ ਦੇ ਹਾਲਾਤ ਵਿੱਚ ਵੀ ਸੁਖਬੀਰ ਸਿੰਘ ਬਾਦਲ ਇਹ ਗੱਲ ਸੁਣਨ ਨੂੰ ਤਿਆਰ ਨਹੀਂ ਸੀ ਕਿ ਕੁਝ ਸਮਾਂ ਪ੍ਰਧਾਨਗੀ ਕਿਸੇ ਹੋਰ ਨੂੰ ਸੌਂਪ ਕੇ ਡੰਗ ਸਾਰ ਲਿਆ ਜਾਵੇ। ਜਿਹੜੇ ਕੁਝ ਆਗੂ ਉਸ ਦੇ ਬਹੁਤੇ ਨੇੜੇ ਗਿਣੇ ਜਾਂਦੇ ਸਨ, ਉਨ੍ਹਾਂ ਉੱਤੇ ਵੀ ਉਸ ਨੂੰ ਭਰੋਸਾ ਨਹੀਂ ਸੀ ਬੱਝ ਰਿਹਾ ਕਿ ਇੱਕ ਵਾਰੀ ਦੇ ਦਿੱਤੀ ਗਈ ਪ੍ਰਧਾਨਗੀ ਫਿਰ ਕਦੀ ਛੱਡਣ ਲਈ ਉਹ ਮੰਨ ਵੀ ਜਾਣਗੇ, ਇਹੋ ਡਰ ਲੱਗਾ ਰਿਹਾ ਕਿ ਪਾਰਟੀ ਦੀ ਪ੍ਰਧਾਨਗੀ ਇੱਕ ਵਾਰੀ ਛੱਡ ਦਿੱਤੀ ਤਾਂ ਮੁੜ ਕੇ ਇਹ ਲੰਬੜਦਾਰੀ ਸੰਭਾਲਣਲਈ ਸ਼ਾਇਦ ਕੋਈ ਰਾਹ ਹੀ ਨਾ ਰਹੇ। ਆਖਰ ਜਨਤਕ ਤੇ ਖਾਸ ਤੌਰ ਉੱਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਸਖਤ ਸਟੈਂਡ ਨੇ ਉਸ ਨੂੰ ਏਦਾਂ ਦੀ ਕੌੜੀ ਗੋਲੀ ਚੱਬਣ ਦੇ ਲਈ ਮਜਬੂਰ ਕਰ ਦਿੱਤਾ, ਪਰ ਇਸ ਦੌਰਾਨ ਉਸ ਨੇ ਆਪਣਾ ਤੇ ਆਪਣੀ ਪਾਰਟੀ ਨੁਕਸਾਨ ਬਹੁਤ ਕਰਵਾ ਲਿਆ ਹੈ, ਜੇ ਦੋ ਦਸੰਬਰ ਵਾਲੇ ਹੁਕਮ-ਨਾਮੇ ਪਿੱਛੋਂ ਏਦਾਂ ਦਾ ਕਦਮ ਫੌਰਨ ਚੁੱਕ ਲੈਂਦਾ ਤਾਂ ਉਸ ਨੁਕਸਾਨ ਤੋਂ ਬਚ ਸਕਦਾ ਸੀ।

ਫਿਰ ਵੀ ਦੋ ਦਸੰਬਰ ਨੂੰ ਅਕਾਲੀ ਲੀਡਰਸ਼ਿਪ ਦੇ ਖਿਲਾਫ ਸਖਤ ਹੁਕਮ-ਨਾਮਾ ਜਾਰੀ ਹੋਣ ਅਤੇ ਇਸ ਉੱਤੇ ਅਮਲ ਦੇ ਦੌਰਾਨ ਇੱਕ ਸਵਾਲ ਇਹ ਉੱਭਰ ਕੇ ਸਾਹਮਣੇ ਆ ਗਿਆ ਹੈ ਕਿ ਅਕਾਲੀ ਪਾਰਟੀ ਨੇ ਦੇਸ਼ ਦੇ ਚੋਣ ਕਾਨੂੰਨ ਅਨੁਸਾਰ ਰਾਜਨੀਤੀ ਕਰਨੀ ਹੈ ਜਾਂ ਧਾਰਮਿਕ ਸਰਬ ਉੱਚ ਅਸਥਾਨ ਤੋਂ ਹੋਏ ਆਦੇਸ਼ਾਂ ਦੇ ਮੁਤਾਬਕ ਚੱਲਣਾ ਹੈ! ਇਹ ਸਵਾਲ ਇਸ ਲਈ ਉੱਭਰਿਆ ਕਿ ਇੱਕ ਆਗੂ ਦੀ ਪ੍ਰਧਾਨਗੀ ਬਚਾਉਣ ਲਈ ਉਸ ਦੇ ਕਾਰਿੰਦੇ ਬਣੇ ਹੋਏ ਸਿਆਸੀ ਆਗੂਆਂ ਨੇ ਬਹੁਤ ਵਾਰੀ ਇਹ ਗੱਲ ਖੁਦ ਕਹੀ ਕਿ ਅਕਾਲ ਤਖਤ ਸਾਹਿਬ ਦੇ ਹੁਕਮ ਮੁਤਾਬਕ ਅਮਲ ਕੀਤਾ ਤਾਂ ਦੇਸ਼ ਦੇ ਚੋਣ ਕਾਨੂੰਨ ਹੇਠ ਅਕਾਲੀ ਦਲ ਦੀ ਰਾਜਨੀਤਕ ਪਾਰਟੀ ਵੱਜੋਂ ਮਾਨਤਾ ਰੱਦ ਹੋ ਸਕਦੀ ਹੈ। ਅਸਲ ਵਿੱਚ ਇਸ ਦਲੀਲ ਵਿੱਚ ਕਿਸੇ ਵੀ ਤਰ੍ਹਾਂ ਦਾ ਦਮ ਨਹੀਂ ਸੀ। ਭਾਰਤ ਦੀ ਕੇਂਦਰੀ ਸਰਕਾਰ ਚਲਾ ਰਹੀ ਪਾਰਟੀ ਦਾ ਸਭ ਤੋਂ ਵੱਡਾ ਆਗੂ ਅਤੇ ਉਸ ਦੇ ਸਾਥੀ ਮੰਦਰ ਦੀ ਸਿਆਸਤ ਕਰਦੇ ਹਨ, ਰਾਮ ਜਨਮ ਭੂਮੀ ਮੰਦਰ ਦੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀਆਂ ਮੁੱਖ ਰਸਮਾਂ ਨਿਭਾਉਣ ਵਾਸਤੇ ਖੁਦ ਪ੍ਰਧਾਨ ਮੰਤਰੀ ਅੱਗੇ ਲੱਗਦਾ ਹੈ ਅਤੇ ਉਨ੍ਹਾਂ ਦੀ ਪਾਰਟੀ ਦੀਆਂ ਸਟੇਜਾਂ ਤੋਂ ਹਿੰਦੂਤੱਵ ਦੀਆਂ ਗੱਲਾਂ ਕਹੀਆਂ ਜਾਂਦੀਆਂ ਹਨ, ਪਰ ਪਾਰਟੀ ਵਜੋਂ ਮਾਨਤਾ ਖਤਮ ਹੋਣ ਦਾ ਦਬਕਾ ਕਦੀ ਕਿਸੇ ਨੇ ਨਹੀਂ ਮਾਰਿਆ। ਖੁਦ ਅਕਾਲੀ ਦਲ ਦੇ ਆਗੂਆਂ ਨੇ ਕਈ ਵਾਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਹੁੰਦਿਆਂ ਵੀ ਵਿਧਾਨ ਸਭਾ ਅਤੇ ਲੋਕ ਸਭਾ ਦੀਆਂ ਚੋਣਾਂ ਲੜੀਆਂ ਅਤੇ ਜਿੱਤੀਆਂ ਤੇ ਹਾਰੀਆਂ ਹਨ, ਪਰ ਧਾਰਮਿਕ ਸੰਬੰਧਾਂ ਦੇ ਆਧਾਰ ਉੱਤੇ ਇਸ ਪਾਰਟੀ ਦੀ ਮਾਨਤਾ ਰੱਦ ਕਰਨ ਦਾ ਕਦੀ ਕੋਈ ਮੁੱਦਾ ਨਹੀਂ ਸੀ ਉੱਠਿਆ। ਜਦੋਂ ਸਿਰਫ ਅਕਾਲ ਤਖਤ ਸਾਹਿਬ ਦੇ ਹੁਕਮਾਂ ਉੱਤੇ ਅਮਲ ਕਰਨ ਤੇ ਪ੍ਰਧਾਨਗੀ ਛੱਡਣ ਦੀ ਵਾਰੀ ਆਈ ਤਾਂ ਇਹ ਨਾਕਸ ਦਲੀਲ ਪੇਸ਼ ਕਰ ਦਿੱਤੀ ਗਈ ਸੀ, ਜਿਹੜੀ ਕਿਸੇ ਨੇ ਨਹੀਂ ਮੰਨੀ।

ਜਿਸ ਦਿਨ ਅਕਾਲੀ ਦਲ ਦੀ ਵਰਕਿੰਗ ਕਮੇਟੀ ਵਿੱਚ ਬੈਠ ਕੇ ਖੁਦ ਸੁਖਬੀਰ ਸਿੰਘ ਬਾਦਲ ਨੂੰ ਆਪਣੇ ਅਸਤੀਫੇ ਨੂੰ ਪ੍ਰਵਾਨ ਕਰਨ ਦੀ ਗੱਲ ਕਹਿਣੀ ਪਈ, ਓਸੇ ਦਿਨ ਇੱਕ ਹੋਰ ਖਬਰ ਪੰਜਾਬ ਹਰਿਆਣਾ ਹਾਈ ਕੋਰਟ ਤੋਂ ਵੀ ਆਈ ਸੀ ਤੇ ਉਹ ਇਸ ਪਾਰਟੀ ਲਈ ਅਗਲੇ ਦਿਨਾਂ ਵਿੱਚ ਧਰਮ ਦੀ ਵਰਤੋਂ ਦੀਆਂ ਹੱਦਾਂ ਸੀਮਤ ਕਰਨ ਵਾਲੀ ਹੋ ਸਕਦੀ ਹੈ। ਓਥੇ ਕੇਸ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਆਗਿਆ ਦੇਣ ਵਾਸਤੇ ਬਾਦਲ ਅਕਾਲੀ ਦਲ ਦੀ ਲੀਡਰਸ਼ਿਪ ਵੱਲੋਂ ਦਿੱਤੀ ਅਰਜ਼ੀ ਦੀ ਸੁਣਵਾਈ ਬਾਰੇ ਸੀ। ਦਸ ਜਨਵਰੀ ਦੇ ਦਿਨ ਉਸ ਅਰਜ਼ੀ ਉੱਤੇ ਹਾਈ ਕੋਰਟ ਦਾ ਹੁਕਮ ਆ ਗਿਆ ਅਤੇ ਅਕਾਲੀ ਦਲ ਦੀ ਅਰਜ਼ੀ ਰੱਦ ਕਰ ਦਿੱਤੀ ਗਈ ਹੈ। ਹਾਈ ਕੋਰਟ ਨੇ ਸਾਫ ਕਿਹਾ ਹੈ ਕਿ 'ਸਿੱਖ ਗੁਰਦੁਆਰਾ ਧਾਰਮਿਕ ਅਸਥਾਨ ਹੈ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਦੀਆਂ ਚੋਣਾਂ ਵਿੱਚ ਹਿੱਸਾ ਲੈਣ ਤੋਂ ਰਾਜਨੀਤਕ ਦਲਾਂ ਉੱਤੇ ਰੋਕ ਲਾਏ ਜਾਣ ਦਾ ਉਦੇਸ਼ ਧਰਮ ਅਤੇ ਰਾਜਨੀਤੀ ਦੇ ਖਤਰਨਾਕ ਮਿਸ਼ਰਣ ਨੂੰ ਰੋਕਣਾ ਹੈ।' ਕੋਰਟ ਨੇ ਇਹ ਵੀ ਕਿਹਾ ਕਿ ਰਾਜਨੀਤਕ ਦਲਾਂ ਨੂੰ ਗੁਰਦੁਆਰਾ ਚੋਣਾਂ ਲੜਨੋਂ ਰੋਕਣ ਦੀ ਵਿਵਸਥਾ ਅਸਲ ਵਿੱਚ ਗੁਰਦੁਆਰਿਆਂ ਦੇ 'ਗੈਰ-ਸਿਆਸੀਕਰਨ' ਦੀ ਦਿਸ਼ਾ ਵਿੱਚ ਕਦਮ ਹੈ, ਤਾਂ ਕਿ ਇਨ੍ਹਾਂ ਪਵਿੱਤਰ ਸਥਾਨਾਂ ਦੀ ਮਹਿਮਾ ਅਤੇ ਧਾਰਮਿਕ ਮਹੱਤਵ ਨੂੰ ਕਾਇਮ ਰੱਖਿਆ ਜਾ ਸਕੇ। ਇਸ ਦੇ ਨਾਲ ਹਾਈ ਕੋਰਟ ਨੇ ਇਹ ਖੁੱਲ੍ਹ ਜ਼ਰੂਰ ਦੇ ਦਿੱਤੀ ਕਿ ਰਾਜਨੀਤਕ ਪਾਰਟੀ ਦੇ ਆਗੂ ਨਿੱਜੀ ਤੌਰ ਉੱਤੇ ਧਾਰਮਿਕ ਅਸਥਾਨ ਦੀਆਂ ਚੋਣਾਂ ਲੜ ਸਕਦੇ ਹਨ, ਪਰ ਜਥੇਬੰਦੀ ਦੇ ਤੌਰ ਉੱਤੇ ਇਹ ਚੋਣਾਂ ਲੜਨ ਦੀ ਆਗਿਆ ਨਹੀਂ ਮਿਲ ਸਕਦੀ। ਇਸ ਨੇ ਕਈ ਮੁੱਦੇ ਸੋਚਣ ਲਈ ਪੇਸ਼ ਕਰ ਦਿੱਤੇ ਹਨ।

ਪਿਛਲੇ ਦਿਨੀਂ ਸੋਸ਼ਲ ਮੀਡੀਆ ਉੱਤੇ ਇੱਕ ਕਲਿੱਪ ਸਾਬਕਾ ਪਾਰਲੀਮੈਂਟ ਮੈਂਬਰ ਤਰਲੋਚਨ ਸਿੰਘ ਹੁਰਾਂ ਦੀ ਵੇਖੀ ਗਈ ਹੈ, ਜਿਸ ਵਿੱਚ ਵਿਦੇਸ਼ ਦੇ ਇੱਕ ਪ੍ਰਮੁੱਖ ਗੁਰਦੁਆਰਾ ਸਾਹਿਬ ਬਾਰੇ ਜ਼ਿਕਰ ਕੀਤਾ ਗਿਆ ਹੈ। ਉਨ੍ਹਾਂ ਨੇ ਦੱਸਿਆ ਹੈ ਕਿ ਬਹੁਤ ਵੱਡੇ ਚੜ੍ਹਾਵੇ ਵਾਲੇ ਉਸ ਗੁਰੂ ਘਰ ਵਿੱਚ ਜਿਸ ਦਿਨ ਪਹਿਲੀ ਵਾਰੀ ਚੋਣ ਕੀਤੀ ਜਾਣੀ ਸੀ ਤਾਂ ਇੱਕ ਧਾਰਮਿਕ ਬਿਰਤੀ ਵਾਲੇ ਸੱਜਣ ਨੇ ਕਹਿ ਦਿੱਤਾ ਕਿ ਚੋਣਾਂ ਗੁਰੂ ਕਰੇਗਾ ਅਤੇ ਖੜੇ ਪੈਰ ਕਰ ਦੇਵੇਗਾ, ਤੁਸੀਂ ਜਿੰਨੀ ਸੰਗਤ ਬੈਠੇ ਹੋਏ ਹੋ, ਸਾਰੇ ਆਪੋ ਆਪਣੇ ਨਾਂਅ ਦੀ ਪਰਚੀ ਲਿਖੋ ਅਤੇ ਸਾਹਮਣੇ ਪਈ ਗਾਗਰ ਵਿੱਚ ਪਾ ਦਿਉ, ਫਿਰ ਇੱਕ ਬੱਚਾ ਉਸ ਵਿੱਚ ਹੱਥ ਪਾ ਕੇ ਕਮੇਟੀ ਮੈਂਬਰਾਂ ਦੀ ਗਿਣਤੀ ਜਿੰਨੀਆਂ ਪਰਚੀਆਂ ਕੱਢ ਦੇਵੇ ਅਤੇ ਜਿਨ੍ਹਾਂ ਦੇ ਨਾਂਅ ਨਿਕਲ ਆਉਣ, ਉਹ ਸਾਡੀ ਗੁਰਦੁਆਰਾ ਕਮੇਟੀ ਹੋਵੇਗੀ। ਸਾਰਿਆਂ ਨੇ ਇਹ ਗੱਲ ਮੰਨ ਲਈ ਅਤੇ ਉਸ ਦੇ ਬਾਅਦ ਇਸ ਨੂੰ 'ਗੁਰੂ ਦੀ ਚੁਣੀ ਕਮੇਟੀ' ਦੇ ਰੂਪ ਵਿੱਚ ਮਾਨਤਾ ਦੇਣ ਨਾਲ ਅੱਗੇ ਲਈ ਕਿਸੇ ਬਖੇੜੇ ਦਾ ਰਾਹ ਹੀ ਨਹੀਂ ਸੀ ਰਹਿ ਗਿਆ ਤੇ ਉਸ ਕਮੇਟੀ ਦੇ ਅੰਦਰ ਪਏ ਕਿਸੇ ਝਗੜੇ ਜਾਂ ਵਿਵਾਦ ਦੀ ਗੱਲ ਵੀ ਕਦੇ ਨਹੀਂ ਸੁਣੀ ਗਈ। ਇਸ ਪ੍ਰਕਿਰਿਆ ਨੂੰ ਸਾਡੇ ਪੰਜਾਬ ਵਿੱਚ ਧਾਰਮਿਕ ਅਦਾਰਿਆਂ ਦੀਆਂ ਚੋਣਾਂ ਦੇ ਅਮਲ ਨਾਲ ਜੋੜ ਕੇ ਵੇਖੀਏ ਤਾਂ ਪੰਜਾਬ ਤੇ ਆਸ-ਪਾਸ ਹੋਣ ਵਾਲੀ ਹਰ ਧਾਰਮਿਕ ਚੋਣ ਦੀ ਚਰਚਾ ਕਰਦਿਆਂ ਲੋਕ ਕੰਨਾਂ ਉੱਤੇ ਹੱਥ ਧਰ ਲੈਂਦੇ ਹਨ। ਕਈ ਵਾਰੀ ਅਕਾਲ ਤਖਤ ਸਾਹਿਬ ਦੇ ਜਥੇਦਾਰਾਂ ਨੂੰ ਇਹੋ ਜਿਹੇ ਆਦੇਸ਼ ਕਰਨੇ ਪਏ ਹਨ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਵਾਲੇ ਉਮੀਦਵਾਰ ਸ਼ਰਾਬ ਅਤੇ ਹੋਰ ਨਸ਼ੀਲੇ ਪਦਾਰਥ ਵੋਟਰਾਂ ਨੂੰ ਭਰਮਾਉਣ ਲਈ ਨਾ ਵੰਡਣ। ਇਹ ਕੁਝ ਇਸ ਲਈ ਕਹਿਣਾ ਪੈਂਦਾ ਰਿਹਾ ਹੈ ਕਿ ਜਿਹੜੇ ਅਕਾਲੀ ਆਗੂ ਇਨ੍ਹਾਂ ਚੋਣਾਂ ਲਈ ਜ਼ੋਰ ਅਜ਼ਮਾਈ ਕਰ ਰਹੇ ਹੁੰਦੇ ਸਨ, ਉਨ੍ਹਾਂ ਵਿੱਚ ਸ਼ਰਾਬ ਦੇ ਜਾਇਜ਼ ਅਤੇ ਨਜਾਇਜ਼ ਧੰਦੇ ਕਰਨ ਵਾਲੇ ਸ਼ਾਮਲ ਹੋ ਜਾਂਦੇ ਸਨ ਅਤੇ ਏਨੀ ਬਦਨਾਮੀ ਹੋਣ ਲੱਗਦੀ ਸੀ ਕਿ ਜਥੇਦਾਰ ਸਾਹਿਬਾਨ ਨੂੰ ਇਹੋ ਜਿਹਾ ਆਦੇਸ਼ ਜਾਰੀ ਕਰਨਾ ਸਮੇਂ ਦੀ ਲੋੜ ਲੱਗਣ ਲੱਗਦਾ ਸੀ। ਹਾਈ ਕੋਰਟ ਦਾ ਹੁਕਮ ਇਸ ਬੁਰਾਈ ਨੂੰ ਰੋਕ ਸਕਦਾ ਹੈ।

ਧਰਮ ਕਿਸੇ ਵੀ ਵਿਅਕਤੀ ਦੀ ਨਿੱਜੀ ਮਾਨਸਿਕ ਸੰਤੁਸ਼ਟੀ ਦਾ ਇੱਕ ਨਾਜ਼ਕ ਮਾਮਲਾ ਹੋ ਸਕਦਾ ਹੈ, ਉਹ ਆਪਣੇ ਇਸ਼ਟ ਤੇ ਆਪਣੇ ਵਿਚਾਲੇ ਕਿਸੇ ਹੋਰ ਦਾ ਦਖਲ ਆਮ ਕਰ ਕੇ ਨਹੀਂ ਚਾਹੁੰਦਾ ਅਤੇ ਰਾਜਨੀਤਕ ਆਗੂਆਂ ਦਾ ਦਖਲ ਤਾਂ ਲੋਕਾਂ ਨੂੰ ਬਹੁਤ ਚੁਭਦਾ ਰਿਹਾ ਹੈ। ਜਿੰਨੀ ਬੇਅਦਬੀ ਧਰਮ ਦੀ ਸਿਆਸੀ ਆਗੂਆਂ ਨੇ ਕਰਵਾਈ ਹੋਈ ਹੈ, ਕਿਸੇ ਵੀ ਹੋਰ ਨੇ ਨਹੀਂ ਕਰਵਾਈ। ਅਕਾਲ ਤਖਤ ਸਾਹਿਬ ਵਿਖੇ ਅਰਦਾਸੇ ਸੋਧ ਕੇ ਮਰਨ ਵਰਤ ਰੱਖਣ ਮਗਰੋਂ ਤੋੜਨ ਦੀ ਖੇਡ ਵੀ ਓਦੋਂ ਰੁਕੀ ਸੀ, ਜਦੋਂ ਗੈਰ-ਅਕਾਲੀ ਦਰਸ਼ਨ ਸਿੰਘ ਫੇਰੂਮਾਨ ਨੇ ਆਣ ਕੇ ਇਹ ਕਿਹਾ ਕਿ ਮਰਨ ਵਰਤ ਰੱਖ ਲੈਣ ਪਿੱਛੋਂ ਮੰਗਾਂ ਮੰਨਣ ਤੱਕ ਜਾਰੀ ਰੱਖਾਂਗਾ, ਨਾ ਮੰਨੀਆਂ ਗਈਆਂ ਤਾਂ ਅਰਦਾਸ ਦੀ ਮਹੱਤਤਾ ਕਾਇਮ ਰੱਖਣ ਲਈ ਜਾਨ ਦੇਣੀ ਪਈ ਤਾਂ ਦੇ ਦਿਆਂਗਾ, ਸੰਤ ਫਤਹਿ ਸਿੰਘ ਤੇ ਮਾਸਟਰ ਤਾਰਾ ਸਿੰਘ ਵਰਗੇ ਆਗੂਆਂ ਵਾਂਗ ਅਰਦਾਸ ਤੋਂ ਨਹੀਂ ਭੱਜਾਂਗਾ। ਉਸ ਵੇਲੇ ਪੰਜਾਬ ਵਿੱਚ ਅਕਾਲੀ ਦਲ ਦੀ ਅਗਵਾਈ ਵਾਲੀ ਸਰਕਾਰ ਸੀ ਅਤੇ ਅਕਾਲੀ ਆਗੂਆਂ ਨੇ ਕਿਹਾ ਸੀ ਕਿ ਇਹ ਪੰਜਾਬ ਦੀ ਅਕਾਲੀ ਸਰਕਾਰ ਬਰਦਾਸ਼ਤ ਨਹੀਂ ਕਰ ਸਕਿਆ, ਕਾਂਗਰਸ ਦੀ ਸ਼ਹਿ ਉੱਤੇ ਖਰਾਬੀ ਕਰਨ ਲੱਗਾ ਹੈ। ਉਹ ਇਨ੍ਹਾਂ ਦੀਆਂ ਗੱਲਾਂ ਵੱਲ ਕੰਨ ਕਰਨ ਦੀ ਥਾਂ ਪੈਂਤੜੇ ਉੱਤੇ ਕਾਇਮ ਰਿਹਾ ਅਤੇ ਭੁੱਖਾ ਰਹਿ ਕੇ ਦੱਸ ਗਿਆ ਸੀ ਕਿ ਅਕਾਲੀ ਹੋਣ ਜਾਂ ਨਾ ਹੋਣ ਨਾਲ ਸ਼ਰਧਾਵਾਨ ਸਿੱਖ ਨੂੰ ਕੋਈ ਫਰਕ ਨਹੀਂ ਹੁੰਦਾ, ਵਿਸ਼ਵਾਸੀ ਹੋਣਾ ਉਸ ਲਈ ਸਭ ਤੋਂ ਉੱਤੇ ਹੁੰਦਾ ਹੈ। ਫੇਰੂਮਾਨ ਦੇ ਦੇਹਾਂਤ ਤੋਂ ਪਹਿਲਾਂ ਅਕਾਲੀ ਆਗੂ ਦਰਸ਼ਨ ਸਿੰਘ ਦੇ ਦਰਸ਼ਨ ਕਰਨ ਲਈ ਲਾਈਨਾਂ ਲਾਉਣ ਲੱਗੇ ਸਨ। ਅਚਾਨਕ ਪੈਦਾ ਹੋਇਆ ਇਹ ਮੋਹ ਦਰਸ਼ਨ ਸਿੰਘ ਫੇਰੂਮਾਨ ਲਈ ਨਹੀਂ, ਪੰਜਾਬ ਭਰ ਵਿੱਚ ਉੱਠੀ ਉਸ ਲਹਿਰ ਦੇ ਵਹਿਣ ਦੇ ਡਰੋਂ ਪੈਦਾ ਹੋਇਆ ਸੀ, ਜਿਸ ਵਿੱਚ ਅਕਾਲੀ ਲੀਡਰਸ਼ਿਪ ਨੂੰ ਆਪਣੇ ਰੁੜ੍ਹ ਜਾਣ ਦੀ ਚਿਤਵਣੀ ਲੱਗ ਗਈ ਸੀ।

ਅਸੀਂ ਸਮਝਦੇ ਹਾਂ ਕਿ ਅਜੋਕੇ ਹਾਲਾਤ ਵਿੱਚ ਜਦੋਂ ਅਕਾਲੀ ਲੀਡਰਸ਼ਿਪ ਸਿੱਖਾਂ ਦੇ ਜਜ਼ਬਾਤ ਨਾਲ ਖਿਲਵਾੜ ਦੀ ਖੇਡ ਖੇਡਣ ਕਾਰਨ ਬੁਰੀ ਤਰ੍ਹਾਂ ਉਲਝਣ ਵਿੱਚ ਫਸੀ ਫਿਰਦੀ ਹੈ, ਹਾਈ ਕੋਰਟ ਦਾ ਦੱਸਿਆ ਰਾਹ ਕਿਸੇ ਵੀ ਆਗੂ ਵਾਸਤੇ ਠੀਕ ਹੋਣਾ ਚਾਹੀਦਾ ਹੈ। ਜੇ ਰਾਜਨੀਤੀ ਨੂੰ ਧਰਮ ਦੀ ਦੁਰਵਰਤੋਂ ਕਰਨ ਤੋਂ ਸਿਆਸੀ ਆਗੂ ਹਟਾ ਦਿੱਤੇ ਜਾਣੇ, ਸਿਆਸਤ ਦੇ ਮੈਦਾਨ ਦਾ ਗੰਦ-ਮੰਦ ਧਰਮ ਦੇ ਖੇਤਰ ਤੱਕ ਨਹੀਂ ਆਵੇਗਾ ਤੇ ਸ਼ਰਧਾ ਵਾਲੇ ਲੋਕਾਂ ਦੇ ਜਜ਼ਬਾਤ ਨੂੰ ਨਾ ਸੱਟ ਵੱਜਣ ਦੇ ਹਾਲਾਤ ਬਣਨਗੇ ਤੇ ਨਾ ਲੋਕ ਕਦੀ ਆਗੂਆਂ ਦੇ ਪਿੱਛੇ ਚੱਲਣਾ ਛੱਡ ਕੇ ਆਗੂਆਂ ਦਾ ਪਿੱਛਾ ਕਰਦੇ ਹੋਣ ਦੇ ਅੱਜ ਵਰਗੇ ਹਾਲਤ ਬਣੇ ਨਜ਼ਰ ਆਉਣਗੇ। ਗਲਤੀਆਂ ਤੋਂ ਸਿੱਖਣਾ ਚਾਹੀਦਾ ਹੈ, ਪਰ ਕੋਈ ਸਿੱਖੇਗਾ ਵੀ, ਇਸ ਦਾ ਪਤਾ ਨਹੀਂ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

# ਚੀਨ ਕਦੇ ਵੀ ਅਮਰੀਕਾ ਨੂੰ ਪਛਾੜ ਨਹੀਂ ਸਕੇਗਾ : ਬਾਇਡਨ



ਵਾਸ਼ਿੰਗਟਨ, 14 ਜਨਵਰੀ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਨੇ ਸੋਮਵਾਰ ਨੂੰ ਵਾਸ਼ਿੰਗਟਨ ਵਿੱਚ ਵਿਦੇਸ਼ ਨੀਤੀ 'ਤੇ ਆਪਣਾ ਆਖਰੀ ਭਾਸ਼ਣ ਦਿੱਤਾ। ਐੱਨਵਾਈਟੀ ਅਨੁਸਾਰ, ਬਾਇਡਨ ਨੇ ਇਸ ਦੌਰਾਨ ਦਾਅਵਾ ਕੀਤਾ ਕਿ ਚੀਨ ਕਦੇ ਵੀ ਅਮਰੀਕਾ ਨੂੰ ਪਛਾੜ ਨਹੀਂ ਸਕੇਗਾ। ਇਸ ਨਾਲ ਉਨ੍ਹਾਂ ਨੇ ਅਫਗਾਨਿਸਤਾਨ ਵਿੱਚ ਜੰਗ ਖਤਮ ਕਰਨ ਦੇ ਫੈਸਲੇ ਨੂੰ ਜਾਇਜ਼ ਠਹਿਰਾਇਆ।

ਬਾਇਡਨ ਨੇ ਕਿਹਾ ਕਿ ਇੱਕ ਸਮੇਂ ਮਾਹਰ ਭਵਿੱਖਬਾਣੀ ਕਰ ਰਹੇ ਸਨ ਕਿ ਚੀਨ ਦੀ ਆਰਥਿਕਤਾ ਅਮਰੀਕਾ ਨੂੰ ਪਛਾੜ ਦੇਵੇਗੀ। ਹੁਣ ਇਹ ਮੰਨਿਆ ਜਾ ਰਿਹਾ ਹੈ ਕਿ ਚੀਨ ਜਿਸ ਰਾਹ 'ਤੇ ਚੱਲ ਰਿਹਾ ਹੈ, ਉਹ ਕਦੇ ਵੀ ਅਮਰੀਕਾ ਨੂੰ ਪਛਾੜ ਨਹੀਂ ਸਕੇਗਾ। ਨਵੀਂ ਸਰਕਾਰ ਨੂੰ ਇਕੱਲੇ ਚੀਨ ਨਾਲ ਲੜਨ ਦੀ ਬਜਾਏ ਆਪਣੇ ਸਹਿਯੋਗੀਆਂ ਨਾਲ ਅੱਗੇ ਵਧਣਾ ਚਾਹੀਦਾ ਹੈ।

ਬਾਈਡਨ ਨੇ ਕਿਹਾ ਕਿ ਅਸੀਂ ਚੀਨ ਨਾਲ ਸਬੰਧਾਂ ਨੂੰ ਬਿਹਤਰ ਢੰਗ ਨਾਲ ਸੰਭਾਲਿਆ। ਰਾਸ਼ਟਰਪਤੀ ਵਜੋਂ ਮੇਰੇ ਕਾਰਜਕਾਲ ਦੌਰਾਨ, ਆਪਸੀ ਸਬੰਧ ਕਦੇ ਵੀ ਟਕਰਾਅ ਵਿੱਚ ਨਹੀਂ ਬਦਲੇ। ਚੀਨ ਕਦੇ ਵੀ ਸਾਡੇ ਤੋਂ ਅੱਗੇ ਨਹੀਂ ਵਧ ਸਕੇਗਾ। ਅਮਰੀਕਾ ਦੁਨੀਆਂ ਵਿੱਚ ਇੱਕ ਸੁਪਰ ਪਾਵਰ ਬਣਿਆ ਰਹੇਗਾ।

ਆਪਣੇ ਭਾਸ਼ਣ ਵਿੱਚ, ਬਾਇਡਨ ਨੇ ਰੂਸ-ਯੂਕਰੇਨ ਯੁੱਧ, ਗਾਜ਼ਾ ਯੁੱਧ, ਚੀਨ ਅਤੇ ਈਰਾਨ ਸਮੇਤ ਕਈ ਮੁੱਦਿਆਂ ਬਾਰੇ ਗੱਲ ਕੀਤੀ। ਹਾਲਾਂਕਿ, ਆਪਣੇ ਪੂਰੇ ਭਾਸ਼ਣ ਵਿੱਚ ਉਨ੍ਹਾਂ ਨੇ ਇੱਕ ਵਾਰ ਵੀ ਡੋਨਾਲਡ ਟਰੰਪ ਦਾ ਨਾਮ ਨਹੀਂ ਲਿਆ। ਬਾਇਡਨ ਨੇ ਦਾਅਵਾ ਕੀਤਾ ਕਿ ਗਾਜ਼ਾ ਵਿੱਚ ਜੰਗਬੰਦੀ ਅਤੇ ਬੰਧਕਾਂ ਦੀ ਰਿਹਾਈ ਲਈ ਸਮਝੌਤਾ ਜਲਦੀ ਹੀ ਸਫਲ ਹੋਵੇਗਾ।

ਜੋਅ ਬਾਇਡਨ ਬੁੱਧਵਾਰ ਨੂੰ ਓਵਲ ਆਫਿਸ ਤੋਂ ਰਾਸ਼ਟਰ ਨੂੰ ਆਪਣਾ ਵਿਦਾਇਗੀ ਭਾਸ਼ਣ ਦੇਣਗੇ। ਡੋਨਾਲਡ ਟਰੰਪ 20 ਜਨਵਰੀ ਨੂੰ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁੱਕਣਗੇ।

# ਮਿਸ਼ੇਲ ਓਬਾਮਾ ਟਰੰਪ ਦੇ ਸਹੁੰ ਚੁੱਕ ਸਮਾਰੋਹ ਵਿੱਚ ਨਹੀਂ ਹੋਣਗੇ ਸ਼ਾਮਿਲ



ਫਲੋਰੀਡਾ, 14 ਜਨਵਰੀ (ਪੋਸਟ ਬਿਉਰੋ): ਸਾਬਕਾ ਪ੍ਰਸਟ ਲੇਡੀ ਮਿਸ਼ੇਲ ਓਬਾਮਾ ਰਾਸ਼ਟਰਪਤੀ ਡੋਨ-ਾਲਡ ਟਰੰਪ ਦੇ ਸਹੁੰ ਚੁੱਕ ਸਮਾਰੋਹ ਵਿੱਚ ਸ਼ਾਮਿਲ ਨਹੀਂ ਹੋਣਗੇ। ਦੋ ਹਫ਼ਤਿਆਂ ਵਿੱਚ ਇਹ ਦੂਜੀ ਵਾਰ ਹੈ ਜਦੋਂ ਉਹ ਸਾਬਕਾ ਅਮਰੀਕੀ ਨੇਤਾਵਾਂ ਅਤੇ ਉਨ੍ਹਾਂ ਦੇ ਜੀਵਨਸਾਥੀਆਂ ਦੀ ਸਭਾ ਵਿੱਚ ਸ਼ਾਮਿਲ ਨਹੀਂ ਹੋਣਗੇ।

ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ, ਬਿਲ ਕਲਿੰਟਨ ਅਤੇ ਜਾਰਜ ਡਬਲਯੂ. ਬੁਸ਼ ਸਹੁੰ ਚੁੱਕ ਸਮਾਰੋਹ ਵਿੱਚ ਫਿਰ ਤੋਂ ਸ਼ਾਮਿਲ ਹੋਣਗੇ। ਜਾਣਕਾਰੀ ਅਨੁਸਾਰ ਲਾਰਾ ਬੁਸ਼ ਅਤੇ ਸਾਬਕਾ ਵਿਦੇਸ਼ ਮੰਤਰੀ ਹਿਲੇਰੀ ਕਲਿੰਟਨ ਆਪਣੇ ਪਤੀਆਂ ਨਾਲ 20 ਜਨਵਰੀ ਨੂੰ ਕੈਪੀਟਲ ਵਿੱਚ ਸਹੁੰ ਚੁੱਕ ਸਮਾਰੋਹ ਵਿੱਚ ਸ਼ਾਮਿਲ ਹੋਣਗੇ।

ਬਰਾਕ ਅਤੇ ਮਿਸ਼ੇਲ ਓਬਾਮਾ ਦੇ ਦਫ਼ਤਰ ਵਲੋਂ ਇੱਕ ਬਿਆਨ ਵਿੱਚ ਕਿਹਾ ਗਿਆ ਕਿ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਦੇ ਸਹੁੰ ਕਬੂਲ ਸਮਾਰੋਹ ਵਿੱਚ ਸ਼ਾਮਿਲ ਹੋਣ ਦੀ ਪੁਸ਼ਟੀ ਹੋ ਗਈ ਹੈ। ਸਾਬਕਾ ਪ੍ਰਸਟ ਲੇਡੀ ਮਿਸ਼ੇਲ ਓਬਾਮਾ ਅਗਲੇ ਸਹੁੰ ਕਬੂਲ ਸਮਾਰੋਹ ਵਿੱਚ ਸ਼ਾਮਿਲ ਨਹੀਂ ਹੋਣਗੇ।

ਇਸ ਗੱਲ ਦਾ ਕੋਈ ਸਪਸ਼ਟੀਕਰਨ ਨਹੀਂ ਦਿੱਤਾ ਗਿਆ ਕਿ ਮਿਸ਼ੇਲ ਓਬਾਮਾ ਟਰੰਪ ਦੇ ਸਹੁੰ ਕਬੂਲ ਸਮਾਰੋਹ ਵਿੱਚ ਕਿਉਂ ਸ਼ਾਮਿਲ ਨਹੀਂ ਹੋ ਰਹੇ। ਉਹ ਪਿਛਲੇ ਹਫ਼ਤੇ ਵਾਸ਼ਿੰਗਟਨ ਵਿੱਚ ਸਾਬਕਾ ਰਾਸ਼ਟਰਪਤੀ ਜਿਮੀ ਕਾਰਟਰ ਦੇ ਅੰਤਿਮ ਸੰਸਕਾਰ ਵਿੱਚ ਵੀ ਸ਼ਾਮਿਲ ਨਹੀਂ ਹੋਏ ਸਨ।

# ਦੱਖਣੀ ਅਫ਼ਰੀਕਾ ਵਿੱਚ ਇੱਕ ਖਾਣ ਵਿੱਚ 100 ਮਜ਼ਦੂਰਾਂ ਦੀ ਮੌਤ, ਭੁੱਖ ਅਤੇ ਪਿਆਸ ਕਾਰਨ ਮੌਤ



ਜੋਹਾਨਸਬਰਗ, 14 ਜਨਵਰੀ (ਪੋਸਟ ਬਿਊਰੋ): ਦੱਖਣੀ ਅਫਰੀਕਾ ਵਿੱਚ ਇੱਕ ਸੋਨੇ ਦੀ ਖਾਣ ਵਿੱਚ ਫਸੇ 100 ਤੋਂ ਵੱਧ ਮਜ਼ਦੂਰਾਂ ਦੀ ਮੌਤ ਹੋ ਗਈ ਹੈ। ਅਲਜਜ਼ੀਰਾ ਦੀ ਰਿਪੋਰਟ ਅਨੁਸਾਰ, ਦੋ ਮਹੀਨਿਆਂ ਤੋਂ ਖਾਣ ਵਿੱਚ 400 ਤੋਂ ਵੱਧ ਕਾਮੇ ਮੌਜੂਦ ਸਨ। ਇਹ ਸਾਰੇ ਗੈਰ-ਕਾਨੂੰਨੀ ਢੰਗ ਨਾਲ ਸੋਨਾ ਖੁਦਾਈ ਕਰਨ ਲਈ ਖਾਣ ਵਿੱਚ ਦਾਖਲ ਹੋਏ ਸਨ।

ਬਚਾਅ ਕਾਰਜਾਂ ਲਈ ਇੱਕ ਵਿਸ਼ੇਸ਼ ਮਾਈਨਿੰਗ ਬਚਾਅ ਟੀਮ ਨੂੰ ਮੌਕੇ 'ਤੇ ਭੇਜਿਆ ਗਿਆ ਹੈ। ਰਿਪੋਰਟ ਅਨੁਸਾਰ, ਮਜ਼ਦੂਰਾਂ ਨੇ ਭੁੱਖ ਅਤੇ ਪਿਆਸ ਕਾਰਨ ਆਪਣੀਆਂ ਜਾਨਾਂ ਗੁਆ ਦਿੱਤੀਆਂ। ਹੁਣ ਤੱਕ 13 ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ਬਹੁਤ ਸਾਰੇ ਲੋਕਾਂ ਨੂੰ ਬਾਹਰ ਕੱਢਿਆ ਗਿਆ ਹੈ।

ਬਚਾਏ ਗਏ ਕਾਮਿਆਂ ਕੋਲੋਂ ਦੋ ਵੀਡੀਓ ਵਾਲਾ ਇੱਕ ਸੈੱਲਫੋਨ ਮਿ-ਲਆ ਹੈ। ਇਨ੍ਹਾਂ ਵੀਡੀਓਜ਼ ਵਿੱਚ, ਦਰਜਨਾਂ ਲਾਸ਼ਾਂ ਪੋਲੀਥੀਨ ਵਿੱਚ ਲਪੇਟੀਆਂ ਹੋਈਆਂ ਦਿਖਾਈ ਦੇ ਰਹੀਆਂ ਹਨ।

ਖਾਣਾਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨਾਲ ਜੁੜੀ ਇੱਕ ਸਮਾਜਿਕ ਸੰਸਥਾ, ਮਾਈਨਿੰਗ ਅਫੈਕਟੇਡ ਕਮਿਊਨਿਟੀਜ਼ ਯੂਨਾਈਟਿਡ ਇਨ ਐਕਸ਼ਨ ਦੇ ਅਨੁਸਾਰ, ਪੁਲਿਸ ਨੇ ਪਿਛਲੇ ਸਾਲ ਨਵੰਬਰ ਵਿੱਚ ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਕਾਰਵਾਈ ਸ਼ੁਰੂ ਕੀਤੀ ਸੀ।

ਪੁਲਿਸ ਨੇ ਇਸ ਖਾਣ ਨੂੰ ਸੀਲ ਕਰਨ ਦੀ ਕੋਸ਼ਿਸ਼ ਕੀਤੀ ਸੀ। ਇਸ ਲਈ ਮਜ਼ਦੂਰਾਂ ਨੂੰ ਬਾਹਰ ਆਉਣ ਲਈ ਕਿਹਾ ਗਿਆ। ਮਜ਼ਦੂਰਾਂ ਨੇ ਗ੍ਰਿਫ਼ਤਾਰੀ ਦੇ ਡਰੋਂ ਖਾਣ ਵਿੱਚੋਂ ਬਾਹਰ ਆਉਣ ਤੋਂ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ, ਇਹ ਮਜ਼ਦੂਰ ਖਾਣ ਵਿੱਚ ਫਸ ਗਏ।

ਜਾਣਕਾਰੀ ਅਨੁਸਾਰ, ਮਜ਼ਦੂਰਾਂ ਦੇ ਵਿਰੋਧ ਤੋਂ ਬਾਅਦ, ਪੁਲਿਸ ਨੇ ਖਾਣ ਵਿੱਚ ਦਾਖਲ ਹੋਣ ਅਤੇ ਬਾਹਰ ਨਿਕਲਣ ਲਈ ਵਰਤੀਆਂ ਜਾਂਦੀਆਂ ਰੱਸੀਆਂ ਅਤੇ ਪੁਲੀਆਂ ਨੂੰ ਹਟਾ ਦਿੱਤਾ। ਇਸ ਤੋਂ ਬਾਅਦ ਮਜ਼ਦੂਰ ਖਾਣ ਵਿੱਚ ਫਸੇ ਰਹੇ।

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਊਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Visions of Punjab
VISION ZOOMERTV
Airs Across Canada Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰੱਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6







# ਮੁੱਖ ਮੰਤਰੀ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਏ.ਆਈ. ਸਥਾਪਤ ਕਰਨ ਦਾ ਐਲਾਨ

*** ਮਹਾਨ ਲੇਖਕ ਦੀ ਯਾਦ ਵਿੱਚ ਐਵਾਰਡ ਸ਼ੁਰੂ ਕੀਤਾ ਜਾਵੇਗਾ * ਜੋ ਕੀਟਸ ਨੇ ਅੰਗਰੇਜ਼ੀ ਜ਼ੁਬਾਨ ਲਈ ਕੀਤਾ, ਉਹ ਕੰਮ ਡਾ. ਸੁਰਜੀਤ ਪਾਤਰ ਨੇ ਪੰਜਾਬੀ ਮਾਂ ਬੋਲੀ ਲਈ ਕੀਤਾ**



ਅੰਮ੍ਰਿਤਸਰ, 14 ਜਨਵਰੀ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਅਤਿ-ਆਧੁਨਿਕ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਆਰਟੀਫਿਸ਼ਲ ਇੰਟੈਲੀਜੈਂਸ ਸਥਾਪਤ ਕਰਨ ਦਾ ਐਲਾਨ ਕੀਤਾ ਹੈ।

ਇੱਥੇ ਉੱਘੇ ਕਵੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਕਰਵਾਏ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸੈਂਟਰ ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਹੋਵੇਗਾ। ਉਨ੍ਹਾਂ ਇਸ ਅਹਿਮ ਕਾਰਜ ਲਈ ਯੂਨੀਵਰਸਿਟੀ ਨੂੰ ਪੂਰੀ ਸਹਾਇਤਾ ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਭਗਵੰਤ ਸਿੰਘ ਮਾਨ ਨੇ ਇਸ ਮਹਾਨ ਲੇਖਕ ਦੀ ਯਾਦ ਵਿੱਚ ਐਵਾਰਡ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ, ਜਿਸ ਨਾਲ ਉੱਭਰਦੇ ਲੇਖਕ ਉਤਸ਼ਾਹਿਤ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਯੂਨੀਵਰਸਿਟੀਆਂ ਵਿੱਚ ਨਿਯੁਕਤੀਆਂ ਇਨ੍ਹਾਂ ਵੱਕਾਰੀ ਅਦਾਰਿਆਂ ਵਿੱਚ ਅਕਾਦਮਿਕਤਾ ਨੂੰ ਉਤਸ਼ਾਹਿਤ ਕਰਨ ਦੇ ਇਕੋ-ਇਕ ਮੰਤਵ ਦੀ ਪੂਰਤੀ ਲਈ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਇਕੋ-ਇਕ ਏਜੰਡੇ ਦਾ ਮਕਸਦ ਇਨ੍ਹਾਂ ਪ੍ਰਮੁੱਖ ਅਦਾਰਿਆਂ ਵਿੱਚ ਧੜੇਬੰਦੀ ਦੀ ਥਾਂ ਸਿੱਖਿਆ ਨੂੰ ਹੁਲਾਰਾ ਦੇਣਾ ਯਕੀਨੀ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਨ ਗੁਰੂਆਂ, ਸੰਤਾਂ ਅਤੇ ਸ਼ਹੀਦਾਂ ਨੇ ਸਾਨੂੰ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਹੈ।

ਡਾ. ਸੁਰਜੀਤ ਪਾਤਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਧਰਤੀ ਮਾਂ ਦੇ ਇਸ ਮਹਾਨ ਸਪੁੱਤਰ ਦਾ ਦੇਹਾਂਤ ਪੰਜਾਬੀ ਸਾਹਿਤ ਲਈ ਵੱਡਾ ਅਤੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਕਿਹਾ ਕਿ ਡਾ. ਸੁਰਜੀਤ ਪਾਤਰ ਪੰਜਾਬੀ ਸਾਹਿਤ ਦੇ ਮਹਾਨ ਲੇਖਕਾਂ ਵਿੱਚੋਂ ਇੱਕ ਸਨ ਅਤੇ ਇਸ ਮਰਹੂਮ ਲੇਖਕ ਨਾਲ ਉਨ੍ਹਾਂ ਦੀ ਗੂੜ੍ਹੀ ਸਾਂਝ ਸੀ, ਜਿਨ੍ਹਾਂ ਹਮੇਸ਼ਾ ਅੱਗੇ ਵਧਣ ਦਾ ਹੌਸਲਾ ਦਿੱਤਾ। ਭਗਵੰਤ ਸਿੰਘ ਮਾਨ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਡਾ. ਸੁਰਜੀਤ ਪਾਤਰ ਦੇ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ, ਜੋ ਹਮੇਸ਼ਾ ਲੋਕਾਂ ਦੇ ਚੇਤਿਆਂ ਵਿੱਚ ਵਸਿਆ ਰਹੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਡਾ. ਸੁਰਜੀਤ ਪਾਤਰ ਪੰਜਾਬੀ ਦੇ ਉਨ੍ਹਾਂ ਉੱਘੇ ਲੇਖਕਾਂ ਵਿੱਚੋਂ ਇੱਕ ਸਨ, ਜਿਨ੍ਹਾਂ ਨੇ ਹਰੇਕ ਪੰਜਾਬੀ ਦੀ ਮਾਨਸਿਕਤਾ ਤੇ ਡੂੰਘਾ ਪ੍ਰਭਾਵ ਪਾਇਆ ਅਤੇ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਜੋ ਕੰਮ ਅੰਗਰੇਜ਼ੀ ਭਾਸ਼ਾ ਵਿੱਚ ਪ੍ਰਸਿੱਧ ਲੇਖਕ ਕੀਟਸ ਨੇ ਕੀਤਾ, ਉਹ ਕਾਰਜ ਪੰਜਾਬੀ ਭਾਸ਼ਾ ਵਿੱਚ ਡਾ. ਸੁਰਜੀਤ ਪਾਤਰ ਦੇ ਹਿੱਸੇ ਆਇਆ। ਉਨ੍ਹਾਂ ਡਾ. ਪਾਤਰ ਨੂੰ ‘ਮਹਾਨ ਲੇਖਕ ਦੱਸਿਆ, ਜਿਨ੍ਹਾਂ ਆਪਣੀ ਕਲਮ ਰਾਹੀਂ ਸਮਾਜ ਵਿੱਚ ਫਿਰਕੂ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਬੇਮਿਸਾਲ ਯੋਗਦਾਨ ਪਾਇਆ। ਭਗਵੰਤ ਸਿੰਘ ਮਾਨ ਨੇ ਵਿਛੜੇ ਲੇਖਕ ਦੇ ਸਾਹਿਤਕ ਯੋਗਦਾਨ ਨੂੰ ਚੇਤੇ ਕਰਦਿਆਂ ਕਿਹਾ ਕਿ ਉਹ ਪੰਜਾਬੀ ਦੇ ਉੱਘੇ ਸਾਹਿਤਕਾਰ ਸਨ, ਜੋ ਆਪਣੀਆਂ ਸ਼ਾਨਦਾਰ ਲਿਖਤਾਂ ਰਾਹੀਂ ਉੱਭਰਦੇ ਲੇਖਕਾਂ ਨੂੰ ਹਮੇਸ਼ਾ ਪ੍ਰੇਰਿਤ ਕਰਦੇ ਰਹਿਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬੀ ਭਾਸ਼ਾ ਦੀ ਤਰੱਕੀ ਲਈ ਠੋਸ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਵਿੱਤੀ ਸੰਕਟ ਵਿੱਚੋਂ ਕੱਢਣ ਲਈ 350 ਕਰੋੜ ਰੁਪਏ ਤੋਂ ਵੱਧ ਦੇ ਫੰਡ ਅਲਾਟ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਯਕੀਨੀ ਬਣਾਉਣਾ ਲਾਜ਼ਮੀ ਹੈ ਕਿ ਟੀਚਿੰਗ ਸਟਾਫ਼ ਨੌਜਵਾਨਾਂ ਨੂੰ ਸਿੱਖਿਅਤ ਕਰੇ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ’ਤੇ ਪੂਰਾ ਧਿਆਨ ਦੇ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਚੰਗੀ ਤਰ੍ਹਾਂ ਬੋਲਣ ਅਤੇ ਲਿਖਣ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਆਪਣੇ ਗੌਰਵਮਈ ਵਿਰਸੇ ਤੋਂ ਜਾਣੂ ਰਹਿ ਸਕਣ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ ਕਿ ਅਸੀਂ ਇਸ ਸ਼ਾਨਦਾਰ ਮਾਂ-ਬੋਲੀ ਦੇ ਝੰਡਾਬਰਦਾਰ ਹਾਂ, ਜਿਸ ਵਿਚ ਬੇਸ਼ੁਮਾਰ ਅਤੇ ਭਰਪੂਰ ਸਾਹਿਤ ਰਚਿਆ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦਾ ਇਤਿਹਾਸ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਨਾਲ ਭਰਿਆ ਪਿਆ ਹੈ, ਜਿਨ੍ਹਾਂ ਨੇ ਮਨੁੱਖਤਾ ਲਈ ਨਿਰਸਵਾਰਥ ਕੁਰਬਾਨੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਇਨ੍ਹਾਂ ਸ਼ਹੀਦਾਂ ਤੋਂ ਪ੍ਰੇਰਨਾ ਲੈ ਕੇ ਨਿਰਸਵਾਰਥ ਜਜ਼ਬੇ ਨਾਲ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਉਹ ਪਵਿੱਤਰ ਧਰਤੀ ਹੈ, ਜਿੱਥੇ ਸਾਰੇ ਧਰਮਾਂ, ਭਾਸ਼ਾਵਾਂ ਅਤੇ ਸਮਾਜ ਦੇ ਵਰਗਾਂ ਦੇ ਲੋਕ ਸ਼ਾਂਤੀ ਅਤੇ ਸਦਭਾਵਨਾ ਨਾਲ ਰਹਿੰਦੇ ਹਨ।

ਮੁੱਖ ਮੰਤਰੀ ਨੇ ਮਾਘੀ ਦੇ ਪਵਿੱਤਰ ਦਿਹਾੜੇ ’ਤੇ ਲੋਕਾਂ ਨੂੰ ਸ਼ੁੱਭ ਕਾਮਨਾਵਾਂ ਵੀ ਦਿੱਤੀਆਂ ਅਤੇ ਕਿਹਾ ਕਿ ਇਹ ਪਵਿੱਤਰ ਦਿਹਾੜਾ ਹਰ ਸਾਲ 40 ਮੁਕਤਿਆਂ ਦੀ ਯਾਦ ’ਚ ਮਨਾਇਆ ਜਾਂਦਾ ਹੈ, ਜਿਨ੍ਹਾਂ ਨੇ ਖਿਦਰਾਣੇ ਦੀ ਲੜਾਈ ’ਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ, ਜਿਸ ਨੂੰ ਹੁਣ ਸ੍ਰੀ ਮੁਕਤਸਰ ਸਾਹਿਬ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਦਾ ਦਿਹਾੜਾ ਮੁਗਲਾਂ ਵਿਰੁੱਧ ਬਹਾਦਰੀ ਨਾਲ ਲੜਨ ਵਾਲੇ 40 ਮੁਕਤਿਆਂ ਦੀ ਮਹਾਨ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮਨਾਇਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਦਿਨ ਸ੍ਰੀ ਮੁਕਤਸਰ ਸਾਹਿਬ ਵਿਖੇ ਗੁਰਦੁਆਰਾ ਸ੍ਰੀ ਟੁੱਟੀ-ਗੰਢੀ ਸਾਹਿਬ ਦੇ ਪਾਵਨ ਅਸਥਾਨ ’ਤੇ ਲੱਖਾਂ ਦੀ ਗਿਣਤੀ ਵਿੱਚ ਸੰਗਤ ਨਤਮਸਤਕ ਹੁੰਦੀ ਹੈ।



